ਰਾਗੁ ਸੂਹੀ ਮਹਲਾ ੪ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਮਨਿ ਰਾਮ ਨਾਮੁ ਆਰਾਧਿਆ ਗੁਰ ਸਬਦਿ ਗੁਰੂ ਗੁਰ ਕੇ ॥ ਸਭਿ ਇਛਾ ਮਨਿ ਤਨਿ ਪੂਰੀਆ ਸਭੁ ਚੂਕਾ ਡਰੁ ਜਮ ਕੇ ॥ ੧॥ ਮੇਰੇ ਮਨ ਗੁਣ ਗਾਵਹੁ ਰਾਮ ਨਾਮ ਹਰਿ ਕੇ ॥ ਗੁਰਿ ਤੁਠੈ ਮਨੁ ਪਰਬੋਧਿਆ ਹਰਿ ਪੀਆ ਰਸੁ ਗਟਕੇ ॥੧॥ ਰਹਾਉ ॥ ਸਤਸੰਗਤਿ ਊਤਮ ਸਤਿਗੁਰ ਕੇਰੀ ਗੁਨ ਗਾਵੈ ਹਰਿ ਪ੍ਰਭ ਕੇ ॥ ਹਰਿ ਕਿਰਪਾ ਧਾਰਿ ਮੇਲਹੁ ਸਤਸੰਗਤਿ ਹਮ ਧੋਵਹ ਪਗ ਜਨ ਕੇ ॥ ੨॥ ਰਾਮ ਨਾਮੁ ਸਭੁ ਹੈ ਰਾਮ ਨਾਮਾ ਰਸੁ ਗੁਰਮਤਿ ਰਸੁ ਰਸਕੇ ॥ ਹਰਿ ਅੰਮ੍ਰਿਤੁ ਹਰਿ ਜਲੁ ਪਾਇਆ ਸਭ ਲਾਥੀ ਤਿਸ ਤਿਸ ਕੇ ॥ ੩॥ ਹਮਰੀ ਜਾਤਿ ਪਾਤਿ ਗੁਰੁ ਸਤਿਗੁਰੁ ਹਮ ਵੇਚਿਓ ਸਿਰੁ ਗੁਰ ਕੇ ॥ ਜਨ ਨਾਨਕ ਨਾਮੁ ਪਰਿਓ ਗੁਰ ਚੇਲਾ ਗੁਰ ਰਾਖਹੁ ਲਾਜ ਜਨ ਕੇ ॥੪॥੧॥ {ਪੰਨਾ 731}

ਪਦਅਰਥ:- ਮਨਿ—ਮਨ ਵਿਚ। ਗੁਰ ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਸਭਿ—ਸਾਰੀਆਂ। ਤਨਿ—ਤਨ ਵਿਚ। ਸਭੁ—ਸਾਰਾ। ਜਮ ਕੇ—ਜਮ ਦਾ।1।

ਮਨ—ਹੇ ਮਨ! ਗੁਰਿ ਤੁਠੈ—ਜੇ ਗੁਰੂ ਤ੍ਰੁੱਠ ਪਏ। ਪਰਬੋਧਿਆ—ਜਾਗ ਪੈਂਦਾ ਹੈ। ਗਟਕੇ—ਗਟਕਿ, ਗਟ ਗਟ ਕਰ ਕੇ, ਸੁਆਦ ਨਾਲ।1। ਰਹਾਉ।

ਕੇਰੀ—ਦੀ। ਗਾਵੈ—ਗਾਉਂਦਾ ਹੈ। ਹਰਿ—ਹੇ ਹਰੀ! ਹਮ ਧੋਵਹ—ਅਸੀਂ ਧੋਵੀਏ। ਪਗ—ਪੈਰ।2।

ਸਭੁ—ਸਦਾ (ਸੁਖ ਦੇਣ ਵਾਲਾ)। ਰਸਕੇ—ਰਸਕਿ, ਸੁਆਦ ਨਾਲ। ਅੰਮ੍ਰਿਤੁ ਜਲੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਤਿਸ—ਤ੍ਰਿਖਾ, ਤ੍ਰੇਹ। ਤਿਸ ਕੇ—ਤਿਸ ਦੀ {ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ}।3।

ਗੁਰ ਕੇ—ਗੁਰੂ ਦੇ ਅੱਗੇ। ਪਰਿਓ—ਪੈ ਗਿਆ ਹੈ। ਗੁਰ ਚੇਲਾ—ਗੁਰੂ ਦਾ ਸਿੱਖ। ਲਾਜ—ਇੱਜ਼ਤ।4।

ਅਰਥ:- ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਦੇ ਗੁਣ ਗਾਇਆ ਕਰ। ਜੇ (ਕਿਸੇ ਮਨੁੱਖ ਉਤੇ) ਗੁਰੂ ਦਇਆਵਾਨ ਹੋ ਜਾਏ, ਤਾਂ (ਉਸ ਦਾ) ਮਨ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪੈਂਦਾ ਹੈ, ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਰਸ ਸੁਆਦ ਨਾਲ ਪੀਂਦਾ ਹੈ।1। ਰਹਾਉ।

ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਸ ਦੇ ਮਨ ਵਿਚ ਤਨ ਵਿਚ (ਉਪਜੀਆਂ) ਸਾਰੀਆਂ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ, ਉਸ ਦੇ ਦਿਲ ਵਿਚੋਂ) ਜਮ ਦਾ ਭੀ ਸਾਰਾ ਡਰ ਲਹਿ ਜਾਂਦਾ ਹੈ।1।

ਹੇ ਭਾਈ! ਗੁਰੂ ਦੀ ਸਾਧ ਸੰਗਤਿ ਬੜਾ ਸ੍ਰੇਸ਼ਟ ਥਾਂ ਹੈ (ਸਾਧ ਸੰਗਤਿ ਵਿਚ ਮਨੁੱਖ) ਹਰਿ-ਪ੍ਰਭੂ ਦੇ ਗੁਣ ਗਾਂਦਾ ਹੈ। ਹੇ ਹਰੀ! ਮੇਹਰ ਕਰ, ਮੈਨੂੰ ਸਾਧ ਸੰਗਤਿ ਮਿਲਾ (ਉਥੇ) ਮੈਂ ਤੇਰੇ ਸੰਤ ਜਨਾਂ ਦੇ ਪੈਰ ਧੋਵਾਂਗਾ।2।

ਹੇ ਭਾਈ! ਪਰਮਾਤਮਾ ਦਾ ਨਾਮ ਹਰੇਕ ਸੁਖ ਦੇਣ ਵਾਲਾ ਹੈ। (ਪਰ) ਗੁਰੂ ਦੀ ਮਤਿ ਉਤੇ ਤੁਰ ਕੇ ਹੀ ਹਰਿ-ਨਾਮ ਦਾ ਰਸ ਸੁਆਦ ਨਾਲ ਲਿਆ ਜਾ ਸਕਦਾ ਹੈ। ਜਿਸ ਮਨੁੱਖ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪ੍ਰਾਪਤ ਕਰ ਲਿਆ, ਉਸ ਦੀ (ਮਾਇਆ ਦੀ) ਸਾਰੀ ਤ੍ਰੇਹ ਲਹਿ ਗਈ।3।

ਹੇ ਭਾਈ! ਗੁਰੂ ਹੀ ਮੇਰੀ ਜਾਤਿ ਹੈ, ਗੁਰੂ ਹੀ ਮੇਰੀ ਇੱਜ਼ਤ ਹੈ, ਮੈਂ ਆਪਣਾ ਸਿਰ ਗੁਰੂ ਦੇ ਪਾਸ ਵੇਚ ਦਿੱਤਾ ਹੈ। ਹੇ ਦਾਸ ਨਾਨਕ! (ਆਖ—) ਹੇ ਗੁਰੂ! ਮੇਰਾ ਨਾਮ 'ਗੁਰੂ ਕਾ ਸਿੱਖ' ਪੈ ਗਿਆ ਹੈ, ਹੁਣ ਤੂੰ ਆਪਣੇ ਇਸ ਸੇਵਕ ਦੀ ਇੱਜ਼ਤ ਰੱਖ ਲੈ (ਤੇ, ਹਰਿ-ਨਾਮ ਦੀ ਦਾਤਿ ਬਖ਼ਸ਼ੀ ਰੱਖ)।4।1।